ਬਸੰਤੁ ਮਹਲਾ ੪ ਹਿੰਡੋਲ ॥ ਤੁਮ੍ ਵਡ ਪੁਰਖ ਵਡ ਅਗਮ ਗੁਸਾਈ ਹਮ ਕੀਰੇ ਕਿਰਮ ਤੁਮਨਛੇ ॥ ਹਰਿ ਦੀਨ ਦਇਆਲ ਕਰਹੁ ਪ੍ਰਭ ਕਿਰਪਾ ਗੁਰ ਸਤਿਗੁਰ ਚਰਣ ਹਮ ਬਨਛੇ ॥ ੧॥ ਗੋਬਿੰਦ ਜੀਉ ਸਤਸੰਗਤਿ ਮੇਲਿ ਕਰਿ ਕ੍ਰਿਪਛੇ ॥ ਜਨਮ ਜਨਮ ਕੇ ਕਿਲਵਿਖ ਮਲੁ ਭਰਿਆ ਮਿਲਿ ਸੰਗਤਿ ਕਰਿ ਪ੍ਰਭ ਹਨਛੇ ॥੧॥ ਰਹਾਉ ॥ ਤੁਮ੍ਰਾ ਜਨੁ ਜਾਤਿ ਅਵਿਜਾਤਾ ਹਰਿ ਜਪਿਓ ਪਤਿਤ ਪਵੀਛੇ ॥ ਹਰਿ ਕੀਓ ਸਗਲ ਭਵਨ ਤੇ ਊਪਰਿ ਹਰਿ ਸੋ ਭਾ ਹਰਿ ਪ੍ਰਭ ਦਿਨਛੇ ॥ ੨॥ ਜਾਤਿ ਅਜਾਤਿ ਕੋਈ ਪ੍ਰਭ ਧਿਆਵੈ ਸਭਿ ਪੂਰੇ ਮਾਨਸ ਤਿਨਛੇ ॥ ਸੇ ਧੰਨਿ ਵਡੇ ਵਡ ਪੂਰੇ ਹਰਿ ਜਨ ਜਿਨ੍ ਹਰਿ ਧਾਰਿਓ ਹਰਿ ਉਰਛੇ ॥੩॥ ਹਮ ਢੀਂਢੇ ਢੀਮ ਬਹੁਤੁ ਅਤਿ ਭਾਰੀ ਹਰਿ ਧਾਰਿ ਕ੍ਰਿਪਾ ਪ੍ਰਭ ਮਿਲਛੇ ॥ ਜਨ ਨਾਨਕ ਗੁਰੁ ਪਾਇਆ ਹਰਿ ਤੂਠੇ ਹਮ ਕੀਏ ਪਤਿਤ ਪਵੀਛੇ ॥੪॥੨॥੪॥ {ਪੰਨਾ 1178}

ਪਦ ਪੁਰਖ:- ਪੁਰਖ—ਸਰਬ-ਵਿਆਪਕ। ਅਗਮ—ਅਪਹੁੰਚ। ਗੁਸਾਈ—ਧਰਤੀ ਦਾ ਖਸਮ। ਕੀਰੇ—ਕੀੜੇ। ਕਿਰਮ—ਨਿੱਕੇ ਨਿੱਕੇ ਕੀੜੇ। ਤੁਮਨਛੇ—ਤੇਰੇ (ਪੈਦਾ ਕੀਤੇ ਹੋਏ)। ਦੀਨ ਦਇਆਲ—ਹੇ ਦੀਨਾਂ ਉਤੇ ਦਇਆ ਕਰਨ ਵਾਲੇ! ਬਨਛੇ—ਬਾਂਛੇ, ਲੋਚਦੇ ਹਾਂ।1।

ਮੇਲਿ—ਮਿਲਾ। ਕ੍ਰਿਪਛੇ—ਕਿਰਪਾ। ਕਿਲਵਿਖ—ਪਾਪ। ਮਿਲਿ—ਮੇਲਿ, ਮਿਲਾ ਕੇ {ਸਾਧਾਰਨ ਤੌਰ ਤੇ 'ਮਿਲਿ' ਦਾ ਅਰਥ ਹੈ 'ਮਿਲ ਕੇ'}। ਹਨਛੇ—ਹੱਛੇ, ਪਵਿੱਤਰ ਜੀਵਨ ਵਾਲੇ।1। ਰਹਾਉ।

ਜਾਤਿ ਅਵਿਜਾਤਾ—ਉੱਚੀ ਜਾਤਿ ਦਾ ਚਾਹੇ ਨੀਵੀਂ ਜਾਤਿ ਦਾ। ਪਤਿਤ—ਵਿਕਾਰਾਂ ਵਿਚ ਡਿੱਗਾ ਹੋਇਆ। ਪਵੀਛੇ—ਪਵਿੱਤਰ। ਪਤਿਤ ਪਵੀਛੇ—ਵਿਕਾਰੀਆਂ ਨੂੰ ਪਵਿੱਤਰ ਕਰਨ ਵਾਲਾ। ਤੇ—ਤੋਂ। ਸਗਲ ਭਵਨ ਤੇ—ਸਾਰੇ ਭਵਨਾਂ ਤੋਂ। ਊਪਰਿ—ਉੱਚਾ। ਦਿਨਛੇ—ਦਿੱਤੀ। ਸੋਭਾ—ਵਡਿਆਈ।2।

ਅਜਾਤਿ—ਨੀਵੀਂ ਜਾਤਿ। ਸਭਿ ਮਾਨਸ—ਸਾਰੇ ਮਨੋਰਥ। ਤਿਨਛੇ—ਉਹਨਾਂ ਦੇ। ਪੂਰੇ—ਪੂਰਨ ਕਰਦਾ ਹੈ। ਸੇ—ਉਹ {ਬਹੁ-ਵਚਨ}। ਧੰਨਿ—ਭਾਗਾਂ ਵਾਲੇ। ਪੂਰੇ—ਗੁਣਾਂ ਨਾਲ ਪੂਰਨ। ਉਰਛੇ—ਹਿਰਦੇ ਵਿਚ।3।

ਢੀਂਢ—ਨੀਚ। ਢੀਮ—ਮਿੱਟੀ ਦਾ ਢੇਲਾ। ਮਿਲਛੇ—ਮਿਲ। ਪ੍ਰਭ—ਹੇ ਪ੍ਰਭੂ! ਤੂਠੇ—ਦਇਆਵਾਨ ਹੋਏ।4।

ਅਰਥ:- ਹੇ ਗੋਬਿੰਦ ਜੀ! (ਮੇਰੇ ਉਤੇ) ਮਿਹਰ ਕਰ (ਮੈਨੂੰ ਸਾਧ-) ਸੰਗਤਿ ਵਿਚ ਮਿਲਾ। ਮੈਂ ਅਨੇਕਾਂ ਜਨਮਾਂ ਦੇ ਪਾਪਾਂ ਦੀ ਮੈਲ ਨਾਲ ਲਿੱਬੜਿਆ ਹੋਇਆ ਹਾਂ। ਹੇ ਪ੍ਰਭੂ! (ਮੈਨੂੰ ਸਾਧ-) ਸੰਗਤਿ ਵਿਚ ਮਿਲਾ ਕੇ ਸੁੱਚੇ ਜੀਵਨ ਵਾਲਾ ਬਣਾ।1। ਰਹਾਉ।

ਹੇ ਪ੍ਰਭੂ! ਤੂੰ ਅਪਹੁੰਚ ਹੈਂ, ਤੂੰ ਜਗਤ ਦਾ ਮਾਲਕ ਹੈਂ, ਤੂੰ ਸਭ ਤੋਂ ਵੱਡਾ ਪੁਰਖ ਹੈਂ, ਅਸੀਂ ਤੇਰੇ ਪੈਦਾ ਕੀਤੇ ਹੋਏ ਤੁੱਛ ਜਿਹੇ ਜੀਵ ਹਾਂ। ਹੇ ਦੀਨਾਂ ਉੱਤੇ ਦਇਆ ਕਰਨ ਵਾਲੇ ਹਰੀ! ਹੇ ਪ੍ਰਭੂ! (ਮੇਰੇ ਉੱਤੇ) ਮਿਹਰ ਕਰ (ਮੈਨੂੰ ਗੁਰੂ ਮਿਲਾ) ਮੈਂ ਗੁਰੂ ਸਤਿਗੁਰੂ ਦੇ ਚਰਨਾਂ (ਦੀ ਧੂੜ) ਦੀ ਤਾਂਘ ਰੱਖਦਾ ਹਾਂ।1।

ਹੇ ਹਰੀ! ਤੇਰਾ ਸੇਵਕ ਉੱਚੀ ਜਾਤਿ ਦਾ ਹੋਵੇ ਚਾਹੇ ਨੀਵੀਂ ਜਾਤਿ ਦਾ, ਵਿਕਾਰੀਆਂ ਤੋਂ ਪਵਿੱਤਰ ਕਰਨ ਵਾਲਾ ਤੇਰਾ ਨਾਮ ਜਿਸ ਨੇ ਜਪਿਆ ਹੈ, ਹੇ ਹਰੀ! ਤੂੰ ਉਸ ਨੂੰ ਸਾਰੇ ਜਗਤ ਦੇ ਜੀਵਾਂ ਤੋਂ ਉੱਚਾ ਕਰ ਦਿੱਤਾ। ਹੇ ਪ੍ਰਭੂ! ਤੂੰ ਉਸ ਨੂੰ (ਲੋਕ ਪਰਲੋਕ ਦੀ) ਵਡਿਆਈ ਬਖ਼ਸ਼ ਦਿੱਤੀ।2।

ਹੇ ਭਾਈ! ਉੱਚੀ ਜਾਤਿ ਦਾ ਹੋਵੇ ਚਾਹੇ ਨੀਵੀਂ ਜਾਤਿ ਦਾ, ਜਿਹੜਾ ਜਿਹੜਾ ਭੀ ਮਨੁੱਖ ਪ੍ਰਭੂ ਦਾ ਨਾਮ ਸਿਮਰਦਾ ਹੈ, ਉਹਨਾਂ ਦੇ ਸਾਰੇ ਮਨੋਰਥ ਪੂਰੇ ਹੋ ਜਾਂਦੇ ਹਨ। ਹੇ ਭਾਈ! ਪ੍ਰਭੂ ਦੇ ਜਿਨ੍ਹਾਂ ਸੇਵਕਾਂ ਨੇ ਹਰੀ-ਪ੍ਰਭੂ ਨੂੰ ਆਪਣੇ ਹਿਰਦੇ ਵਿਚ ਵਸਾ ਲਿਆ, ਉਹ ਭਾਗਾਂ ਵਾਲੇ ਹਨ, ਉਹ ਸਭਨਾਂ ਤੋਂ ਵੱਡੇ ਹਨ, ਉਹ ਪੂਰਨ ਪੁਰਖ ਹਨ।3।

ਹੇ ਹਰੀ! ਅਸੀਂ ਜੀਵ ਨੀਚ ਹਾਂ, ਅਸੀਂ ਮੂਰਖ ਹਾਂ, ਅਸੀਂ ਪਾਪਾਂ ਦੇ ਭਾਰ ਨਾਲ ਦੱਬੇ ਪਏ ਹਾਂ। ਹੇ ਹਰੀ! ਮਿਹਰ ਕਰ,

ਸਾਨੂੰ ਮਿਲ। ਹੇ ਦਾਸ ਨਾਨਕ! (ਆਖ—) ਪ੍ਰਭੂ ਦਇਆਵਾਨ ਹੋਇਆ, ਸਾਨੂੰ ਗੁਰੂ ਮਿਲ ਪਿਆ, (ਗੁਰੂ ਨੇ) ਸਾਨੂੰ ਵਿਕਾਰੀਆਂ ਤੋਂ ਪਵਿੱਤਰ ਬਣਾ ਦਿੱਤਾ।4।2।4।